# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ : 25-03-2026**

**<u>ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ</u>**

- ਸਰਕਾਰ ਵੱਲੋਂ ਪੱਛਮੀ ਏਸ਼ੀਆ ਦੇ ਮੁੱਦੇ 'ਤੇ ਬੁਲਾਈ ਗਈ ਸਰਬ ਪਾਰਟੀ ਮੀਟਿੰਗ ਸੰਸਦ ਭਵਨ ਕੰਪਲੈਕਸ ਵਿੱਚ ਜਾਰੀ।

- ਭਾਰਤ ਪੈਟਰੋਲੀਅਮ ਅਤੇ ਹਿੰਦੁਸਤਾਨ ਪੈਟਰੋਲੀਅਮ ਨੇ ਕਿਹਾ-ਦੇਸ਼ ਭਰ ਵਿੱਚ ਈਂਧਨ ਦੀ ਕੋਈ ਕਮੀ ਨਹੀਂ ਏ।

- ਪੰਜਾਬ BJP ਨੇ ਇਕ ਸਰਕਾਰੀ ਅਧਿਕਾਰੀ ਦੀ ਕਥਿਤ ਖੁਦਕੁਸ਼ੀ ਮਾਮਲੇ ਦੀ CBI ਜਾਂਚ ਬਾਰੇ ਰਾਜਪਾਲ ਨੂੰ ਮੰਗ ਪੱਤਰ ਸੌਂਪਿਆ।

- ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵਲੋਂ ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਦੇ ਨੁਮਾਇੰਦਿਆਂ ਦੀਆਂ ਬਕਾਇਆ ਮੰਗਾਂ ਅਤੇ ਚਿੰਤਾਵਾਂ ਨੂੰ ਹੱਲ ਕਰਨ ਲਈ ਅਹਿਮ ਮੀਟਿੰਗ -ਜਾਇਜ਼ ਮੰਗਾਂ 'ਤੇ ਤੁਰੰਤ ਕਾਰਵਾਈ ਦਾ ਦਿੱਤਾ ਭਰੋਸਾ।

- ਪੰਜਾਬ ਪੁਲਿਸ ਵਲੋਂ ਭਗੌੜੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਗ੍ਰਿਫ਼ਤਾਰ -ਪਟਿਆਲਾ ਦੀ ਅਦਾਲਤ ਨੇ 4 ਦਿਨਾਂ ਪੁਲਿਸ ਰਿਮਾਂਡ 'ਤੇ ਭੇਜਿਆ ।

## <u>ਹੁਣ ਖਬਰਾਂ ਵਿਸਥਾਰ ਨਾਲ</u>

ਸਰਕਾਰ ਵੱਲੋਂ ਪੱਛਮੀ ਏਸ਼ੀਆ ਦੇ ਮੁੱਦੇ 'ਤੇ ਬੁਲਾਈ ਗਈ ਸਰਬ ਪਾਰਟੀ ਮੀਟਿੰਗ ਸੰਸਦ ਭਵਨ ਕੰਪਲੈਕਸ ਵਿੱਚ ਚੱਲ ਰਹੀ ਏ। ਰੱਖਿਆ ਮੰਤਰੀ ਰਾਜਨਾਥ ਸਿੰਘ ਇਸ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਨੇ  ਜਿਸ ਵਿੱਚ ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ, ਵਿਦੇਸ਼ ਮੰਤਰੀ ਐਸ ਜੈਸ਼ੰਕਰ, ਪੈਟਰੋਲੀਅਮ ਮੰਤਰੀ ਹਰਦੀਪ ਪੁਰੀ, ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜੀਜੂ, ਤੇ

ਜੇਡੀਯੂ ਦੇ ਕਾਰਜਕਾਰੀ ਪ੍ਰਧਾਨ ਸੰਜੇ ਝਾਅ  ਸਮੇਤ ਹੋਰ ਆਗੂ ਸ਼ਾਮਲ ਹੋ ਰਹੇ ਹਨ। ਇਹ ਮੀਟਿੰਗ ਪੱਛਮੀ ਏਸ਼ੀਆ ਵਿੱਚ ਵਧਦੇ ਤਣਾਅ ਦੇ ਵਿਚਕਾਰ ਹੋਈ ਏ , ਜਿਸ ਨੇ ਮਹੱਤਵਪੂਰਨ ਸਮੁੰਦਰੀ ਰਸਤਿਆਂ ਵਿਚ ਵਿਘਨ ਪਾਇਆ ਏ ਅਤੇ ਖਾੜੀ ਦੇਸ਼ਾਂ ਵਿੱਚ ਭਾਰਤੀ ਨਾਗਰਿਕਾਂ ਦੀ ਸੁਰੱਖਿਆ ਬਾਰੇ ਚਿੰਤਾਵਾਂ ਜ਼ਾਹਰ ਕੀਤੀਆਂ ਨੇ । ਇਹ ਮੀਟਿੰਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੱਛਮੀ ਏਸ਼ੀਆ ਦੀ ਸਥਿਤੀ 'ਤੇ ਸੰਸਦ ਵਿੱਚ ਸੰਬੋਧਨ ਤੋਂ ਬਾਅਦ ਹੋਈ ਏ । ਸੰਸਦ ਵਿੱਚ ਆਪਣੇ ਬਿਆਨ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਸਰਕਾਰ ਨੇ ਈਰਾਨ-ਇਜ਼ਰਾਈਲ-ਅਮਰੀਕਾ ਟਕਰਾਅ ਦੇ ਪ੍ਰਭਾਵ ਨੂੰ ਘਟਾਉਣ ਲਈ ਈਂਧਨ , ਸਪਲਾਈ ਚੇਨ ਅਤੇ ਖਾਦਾਂ ਸਮੇਤ ਹੋਰ ਚੀਜ਼ਾਂ 'ਤੇ ਰਣਨੀਤੀਆਂ ਵਿਕਸਤ ਕਰਨ ਲਈ ਸੱਤ ਸਮਰਥ  ਸਮੂਹਾਂ ਦਾ ਗਠਨ ਕੀਤਾ ਏ ।

---------------------------------------------------------------

ਸਰਕਾਰ ਨੇ ਉਨ੍ਹਾਂ ਰਿਪੋਰਟਾਂ ਅਤੇ ਸੋਸ਼ਲ ਮੀਡੀਆ ਪੋਸਟਾਂ ਨੂੰ ਰੱਦ ਕੀਤਾ ਏ, ਜਿਨ੍ਹਾਂ ਵਿੱਚ ਦਾਅਵਾ ਕੀਤਾ ਗਿਆ ਏ  ਕਿ ਪ੍ਰਧਾਨ ਮੰਤਰੀ ਉੱਜਵਲਾ ਯੋਜਨਾ ਤਹਿਤ ਐਲਪੀਜੀ ਕੁਨੈਕਸ਼ਨਾਂ ਲਈ

ਰੀਫਿਲ ਬੁਕਿੰਗ ਦੀ ਆਖਰੀ ਤਰੀਕ ਨੂੰ ਸੋਧ ਕੇ 45 ਦਿਨ ਕਰ ਦਿੱਤਾ ਗਿਆ ਏ। ਦਾਅਵਿਆਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਨਵੀਂ ਆਖਰੀ ਤਰੀਕ ਗੈਰ-PMUY ਸਿੰਗਲ ਬੋਟਲ ਕੁਨੈਕਸ਼ਨਾਂ ਲਈ 25 ਦਿਨ ਅਤੇ ਗੈਰ-PMUY ਡਬਲ ਬੋਟਲ ਕੁਨੈਕਸ਼ਨਾਂ ਲਈ 35 ਦਿਨ ਏ। ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਨੇ ਸਪੱਸ਼ਟ ਕੀਤਾ ਕਿ ਅਜਿਹਾ ਕੋਈ ਬਦਲਾਅ ਨਹੀਂ ਕੀਤਾ ਗਿਆ ਏ ਅਤੇ ਮੌਜੂਦਾ ਰੀਫਿਲ ਬੁਕਿੰਗ ਦੀ ਆਖਰੀ ਤਰੀਕ ਬਦਲੀ ਨਹੀਂ ਗਈ ਏ। ਇਹ ਸ਼ਹਿਰੀ ਖੇਤਰਾਂ ਵਿੱਚ 25 ਦਿਨ ਅਤੇ ਪੇਂਡੂ ਖੇਤਰਾਂ ਵਿੱਚ 45 ਦਿਨ ਰਹਿੰਦੀ ਏ, ਭਾਵੇਂ ਕੁਨੈਕਸ਼ਨ ਦੀ ਕਿਸਮ ਕੋਈ ਵੀ ਹੋਵੇ। ਸਰਕਾਰ ਨੇ ਇਹ ਵੀ ਦੁਹਰਾਇਆ ਕਿ ਦੇਸ਼ ਵਿੱਚ ਕਾਫ਼ੀ ਐਲਪੀਜੀ ਭੰਡਾਰ ਉਪਲਬਧ ਏ ਅਤੇ ਚਿੰਤਾ ਦਾ ਕੋਈ ਕਾਰਨ ਨਹੀਂ ਏ। ਸਰਕਾਰ ਨੇ ਨਾਗਰਿਕਾਂ ਨੂੰ ਅਜਿਹੀ ਗਲਤ ਜਾਣਕਾਰੀ 'ਤੇ ਵਿਸ਼ਵਾਸ ਨਾ ਕਰਨ ਅਤੇ ਨਾ ਹੀ ਪ੍ਰਸਾਰਿਤ ਨਾ ਕਰਨ ਅਤੇ ਐਲਪੀਜੀ ਰੀਫਿਲ ਦੀ ਬੇਲੋੜੀ ਜਾਂ ਘਬਰਾਉਣ ਵਾਲੀ ਬੁਕਿੰਗ ਤੋਂ ਬਚਣ ਦੀ ਸਲਾਹ ਦਿੱਤੀ ਏ।

---------------------------------------------------------------------

ਭਾਰਤ ਪੈਟਰੋਲੀਅਮ ਅਤੇ ਹਿੰਦੁਸਤਾਨ ਪੈਟਰੋਲੀਅਮ ਨੇ ਕਿਹਾ ਏ ਕਿ ਦੇਸ਼ ਭਰ ਵਿੱਚ ਬਾਲਣ ਦੀ ਕੋਈ ਕਮੀ ਨਹੀਂ ਏ । ਸੋਸ਼ਲ ਮੀਡੀਆ ਪੋਸਟਾਂ ਵਿੱਚ, ਉਨ੍ਹਾਂ ਨੇ ਕਿਹਾ ਕਿ LPG, ਕੱਚਾ ਤੇਲ, ਪੈਟਰੋਲ, ਡੀਜ਼ਲ ਅਤੇ ਹਵਾਬਾਜ਼ੀ ਟਰਬਾਈਨ ਈਧਨ ਦਾ ਢੁਕਵਾਂ ਭੰਡਾਰ  ਉਪਲਬਧ ਹੈ, ਅਤੇ ਸਪਲਾਈ ਲੜੀ ਬਿਨਾਂ ਕਿਸੇ ਰੁਕਾਵਟ ਦੇ ਸੁਚਾਰੂ ਢੰਗ ਨਾਲ ਚੱਲ ਰਹੀ ਹੈ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਕੁਝ ਖੇਤਰਾਂ ਵਿੱਚ ਪੈਟਰੋਲ ਅਤੇ ਡੀਜ਼ਲ ਦੀ ਕਮੀ ਦੀਆਂ ਅਫਵਾਹਾਂ ਪੂਰੀ ਤਰ੍ਹਾਂ ਬੇਬੁਨਿਆਦ ਹਨ। ਪੈਟਰੋਲੀਅਮ ਕੰਪਨੀਆਂ ਨੇ ਨਾਗਰਿਕਾਂ ਨੂੰ ਘਬਰਾਉਣ ਅਤੇ ਬੇਲੋੜੀ ਖਰੀਦਦਾਰੀ ਤੋਂ ਬਚਣ ਦੀ ਸਲਾਹ ਦਿੱਤੀ ਹੈ।

-----------------------------------------------------------------

ਪੰਜਾਬ BJP ਨੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੂੰ ਇੱਕ ਮੰਗ ਪੱਤਰ ਸੌਂਪਿਆ ਏ, ਜਿਸ ਵਿੱਚ ਪੰਜਾਬ ਰਾਜ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਜ਼ਿਲ੍ਹਾ ਮੈਨੇਜਰ ਡਾ. ਗਗਨਦੀਪ ਸਿੰਘ ਰੰਧਾਵਾ ਦੇ ਖੁਦਕੁਸ਼ੀ ਮਾਮਲੇ ਦੀ CBI ਜਾਂਚ ਦੀ ਮੰਗ ਕੀਤੀ ਗਈ ਏ। ਗਗਨਦੀਪ ਸਿੰਘ ਰੰਧਾਵਾ ਨੇ ਆਪਣੇ ਅੰਤਿਮ ਵੀਡੀਓ ਵਿੱਚ

ਸਾਬਕਾ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ, ਖੁਦਕੁਸ਼ੀ ਲਈ ਕਥਿਤ ਤੌਰ 'ਤੇ ਜ਼ਿੰਮੇਵਾਰ ਠਹਿਰਾਇਆ ਸੀ। BJP ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਅਤੇ ਕਾਰਜਕਾਰੀ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਦੀ ਅਗਵਾਈ ਵਾਲੇ ਵਫ਼ਦ ਨੇ ਮੰਗ ਪੱਤਰ ਵਿੱਚ ਰਾਜਪਾਲ ਦਾ ਧਿਆਨ, ਡਾ. ਰੰਧਾਵਾ ਦੀ ਦੁਖਦਾਈ ਖੁਦਕੁਸ਼ੀ ਅਤੇ ਇਸ ਮਾਮਲੇ ਵਿੱਚ ਪੰਜਾਬ ਸਰਕਾਰ ਵੱਲੋਂ ਸੱਤਾ ਦੀ ਦੁਰਵਰਤੋਂ, ਪ੍ਰਸ਼ਾਸਨਿਕ ਅਸਫਲਤਾ ਅਤੇ ਪ੍ਰਭਾਵਸ਼ਾਲੀ ਵਿਅਕਤੀਆਂ ਨੂੰ ਬਚਾਉਣ ਦੀਆਂ ਕੋਸ਼ਿਸ਼ਾਂ ਵੱਲ ਦਿਵਾਇਆ ਏ।

BYTE

---------------------------------------------------------------------

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੁਲਾਜ਼ਮਾਂ ਦੀਆਂ ਸ਼ਿਕਾਇਤਾਂ ਦੇ ਹੱਲ ਲਈ ਗਠਿਤ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵਜੋਂ ਅੱਜ ਪੰਜਾਬ ਭਰ ਦੇ ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਦੇ ਨੁਮਾਇੰਦਿਆਂ ਦੀਆਂ ਬਕਾਇਆ ਮੰਗਾਂ ਅਤੇ ਚਿੰਤਾਵਾਂ ਨੂੰ ਹੱਲ ਕਰਨ ਲਈ ਅਹਿਮ ਮੀਟਿੰਗਾਂ ਕੀਤੀਆਂ। ਚੰਡੀਗੜ੍ਹ ਵਿਖੇ ਇਨ੍ਹਾਂ ਮੀਟਿੰਗਾਂ ਦੌਰਾਨ, ਵਿੱਤ ਮੰਤਰੀ ਨੇ

ਮੈਰੀਟੋਰੀਅਸ ਸਕੂਲ ਅਧਿਆਪਕ ਜਥੇਬੰਦੀ, ਅਧਿਆਪਕ ਇਨਸਾਫ਼ ਕਮੇਟੀ, ਫਾਇਰ ਬ੍ਰਿਗੇਡ ਆਊਟਸੋਰਸ ਮੁਲਜ਼ਮ ਜਥੇਬੰਦੀ, ਸਮੇਤ ਕਈ ਜਥੇਬੰਦੀਆਂ ਦੇ ਵਫ਼ਦਾਂ ਨਾਲ ਸਿੱਧੀ ਗੱਲਬਾਤ ਕੀਤੀ। ਵਿੱਤ ਮੰਤਰੀ ਨੇ ਸਬੰਧਤ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਉਨ੍ਹਾਂ ਦੇ ਮਸਲਿਆਂ 'ਤੇ ਵੇਰਵੇ ਨਾਲ ਚਰਚਾ ਕੀਤੀ ਅਤੇ ਇਹ ਯਕੀਨੀ ਬਣਾਉਣ ਲਈ ਸਪੱਸ਼ਟ ਨਿਰਦੇਸ਼ ਜਾਰੀ ਕੀਤੇ ਕਿ ਜਥੇਬੰਦੀਆਂ ਵੱਲੋਂ ਉਠਾਈਆਂ ਗਈਆਂ ਸਾਰੀਆਂ ਜਾਇਜ਼ ਮੰਗਾਂ ਨੂੰ ਜਲਦ ਤੋਂ ਜਲਦ ਵਿਚਾਰਿਆ ਅਤੇ ਹੱਲ ਕੀਤਾ ਜਾਵੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕੈਬਨਿਟ ਸਬ-ਕਮੇਟੀ ਮੁਲਾਜ਼ਮ ਨੁਮਾਇੰਦਿਆਂ ਨਾਲ ਸਰਗਰਮੀ ਨਾਲ ਤਾਲਮੇਲ ਕਰ ਰਹੀ ਏ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਇੱਕ ਪਾਰਦਰਸ਼ੀ ਅਤੇ ਜਵਾਬਦੇਹ ਵਿਧੀ ਰਾਹੀਂ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਸੁਣਿਆ ਅਤੇ ਹੱਲ ਕੀਤਾ ਜਾਵੇ।

-----------------------------------------------------------------------

ਪੰਜਾਬ ਦੇ ਸਮਾਜਿਕ ਨਿਆਂ ਅਤੇ ਘੱਟ ਗਿਣਤੀਆਂ ਵਿਭਾਗ ਵਲੋਂ ਮੁਹਾਲੀ ਦੇ ਕਿਸਾਨ ਵਿਕਾਸ ਚੇਂਬਰ ਵਿਖੇ ਸੂਬਾ ਪੱਧਰੀ ਸਮਾਗਮ

ਕੀਤਾ ਗਿਆ। ਸੂਬੇ ਦੇ ਛੇ ਜ਼ਿਲ੍ਹਿਆਂ ਦੇ ਹੁਨਰ ਹਾਸਿਲ ਕਰਨ ਵਾਲੇ ਕਰੀਬ 630 ਬੱਚਿਆਂ ਨੂੰ ਕੈਬਿਨੇਟ ਮੰਤਰੀ ਡਾ.ਬਲਜੀਤ ਕੌਰ ਨੇ ਟੂਲਕਿੱਟ ਵੰਡ ਕੇ ਆਤਮਨਿਰਭਰ ਬਣਨ ਲਈ ਪ੍ਰੇਰਿਆ। ਆਪਣੇ ਸੰਬੋਧਨ ਵਿੱਚ ਮੰਤਰੀ ਬਲਜੀਤ ਕੌਰ ਨੇ ਕਿਹਾ ਕਿ ਅੱਜ ਦਾ ਪ੍ਰੋਗਰਾਮ ਅਨੁਸੂਚਿਤ ਜਾਤੀਆਂ ਦੇ ਬੱਚਿਆਂ ਨੂੰ ਆਤਮ ਨਿਰਭਰ ਕਰਨ ਅਤੇ ਸਮਾਜਿਕ ਬਰਾਬਰੀ ਲਈ ਇਕ ਨੇਕ ਉਪਰਾਲਾ ਏ । ਜਿਸ ਤਹਿਤ 630 ਅਜਿਹੇ ਹੁਨਰਮੰਦ ਸਿੱਖਿਆਰਥੀਆਂ ਨੂੰ ਟੂਲ ਕਿੱਟਾਂ ਵੰਡੀਆਂ ਗਈਆਂ ਨੇ । ਮਹਿਕਮੇ ਦੇ ਪ੍ਰਮੁੱਖ ਸਕੱਤਰ ਵੀ ਕੇ ਮੀਨਾ ਨੇ ਵੀ ਟੂਲਕਿੱਟ ਹਾਸਿਲ ਕਰਨ ਵਾਲੇ ਬੱਚਿਆਂ ਨੂੰ ਵਧਾਈ ਦਿੰਦਿਆਂ ਵਿਭਾਗ ਦੀਆਂ ਗਤੀਵਿਧੀਆਂ ਅਤੇ ਵੱਖ ਵੱਖ ਸਕੀਮਾਂ ਬਾਰੇ ਜਾਣਕਾਰੀ ਦਿਤੀ । ਅਜਿਹੇ 3200 ਤੋਂ ਵੱਧ ਪਿੰਡ ਪੰਜਾਬ ਚ ਪਛਾਣ ਕੀਤੇ ਗਏ ਹਨ ਅਤੇ ਇਹਨਾਂ ਚੋ 390 ਪਿੰਡਾਂ ਦੇ ਲੋਕਾਂ ਲਈ 72 ਕਰੋੜ ਰੁਪਏ ਦਿੱਤੇ ਜਾ ਚੁੱਕੇ ਹਨ ਅਤੇ ਬਾਕੀਆ ਨੂੰ ਵੀ ਆਰਥਿਕ ਵੀ ਮਦਦ ਮਿਲੇਗੀ।

---------------------------------------------------------------------

ਪੰਜਾਬ ਪੁਲਿਸ ਨੇ ਛੇ ਮਹੀਨਿਆਂ ਤੋਂ ਵੱਧ ਸਮੇਂ ਤੋਂ ਗ੍ਰਿਫ਼ਤਾਰੀ ਤੋਂ ਬਚ ਰਹੇ ਪਟਿਆਲਾ ਜ਼ਿਲੇ ਦੇ ਸਨੌਰ ਤੋਂ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੂੰ ਗ੍ਰਿਫ਼ਤਾਰ ਕਰ ਲਿਆ ਏ। ਪਟਿਆਲਾ ਦੇ ਸੀਨੀਅਰ ਪੁਲਿਸ ਕਪਤਾਨ ਵਰੁਣ ਸ਼ਰਮਾ ਨੇ ਪਟਿਆਲਾ ਪੁਲਿਸ ਟੀਮ ਵੱਲੋਂ ਪਠਾਣਮਾਜਰਾ  ਦੀ ਗ੍ਰਿਫਤਾਰੀ ਦੀ ਪੁਸ਼ਟੀ ਕੀਤੀ ਏ, ਜੋ ਵੱਖ-ਵੱਖ ਤਕਨੀਕੀ ਤਰੀਕਿਆਂ ਨਾਲ ਉਨ੍ਹਾਂ ਦੇ ਟਿਕਾਣਿਆਂ ਦਾ ਪਿੱਛਾ ਕਰ ਰਹੀ ਸੀ।

BYTE

ਪਟਿਆਲਾ ਪੁਲਿਸ ਨੇ ਉਸਨੂੰ ਅੱਜ ਅਦਾਲਤ ਚ ਪੇਸ਼ ਕੀਤਾ ਜਿਸ ਮਗਰੋਂ ਅਦਾਲਤ ਨੇ ਪਠਾਣਮਾਜਰਾ ਨੂੰ 4 ਦਿਨਾਂ ਪੁਲਿਸ ਰਿਮਾਂਡ ਤੇ ਭੇਜ ਦਿੱਤਾ ਏ। ਪਿਛਲੇ ਦੋ ਦਿਨਾਂ ਵਿੱਚ, ਵਿਧਾਇਕ ਅਤੇ ਸਾਬਕਾ ਟਰਾਂਸਪੋਰਟ ਮੰਤਰੀ ਲਾਲਜੀਤ ਭੁੱਲਰ ਵਲੋਂ ਖੁਦਕੁਸ਼ੀ ਲਈ ਉਕਸਾਉਣ ਦੇ ਮਾਮਲੇ ਵਿੱਚ ਹੋਈ ਗ੍ਰਿਫ਼ਤਾਰੀ ਤੋਂ ਬਾਅਦ, ਹਰਮੀਤ ਸਿੰਘ ਪਠਾਣ ਮਾਜਰਾ, ਪੰਜਾਬ ਦੇ ਦੂਜੇ ਵਿਧਾਇਕ ਨੇ ਜਿਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ।

---------------------------------------------------------------------------

ਅੰਮ੍ਰਿਤਸਰ ਕਾਊਂਟਰ ਇੰਟੈਲੀਜੈਂਸ ਨੇ ਇੱਕ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਦੋ ਮੁਲਜ਼ਮਾਂ ਨੂੰ 7 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਚੱਲਿਆ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਹੈਰੋਇਨ ਦੀ ਖੇਪ ਦੀ ਢੋਆ-ਢੁਆਈ ਵਿੱਚ ਸਰਗਰਮੀ ਨਾਲ ਸ਼ਾਮਲ ਸਨ ਅਤੇ ਸੰਭਾਵਤ ਤੌਰ 'ਤੇ ਖੇਤਰ ਵਿੱਚ ਕੰਮ ਕਰ ਰਹੇ ਇੱਕ ਵਿਸ਼ਾਲ ਨਸ਼ੀਲੇ ਪਦਾਰਥਾਂ ਦੇ ਨੈੱਟਵਰਕ ਦਾ ਹਿੱਸਾ ਨੇ । ਨਸ਼ਿਆਂ ਨੂੰ ਰੋਕਣ ਬਾਰੇ ਐਕਟ ਤਹਿਤ ਇਕ ਮਾਮਲਾ ਦਰਜ ਕੀਤਾ ਗਿਆ । ਇਸ ਬਾਰੇ ਅਗਲੇਰੀ ਜਾਂਚ ਜਾਰੀ ਏ ।

---------------------------------------------------------------------------

ਉੱਤਰੀ ਰੇਲਵੇ ਨੇ ਵੈਸ਼ਨੋ ਦੇਵੀ ਕਟੜਾ ਅਤੇ ਅੰਮ੍ਰਿਤਸਰ ਵਿਚਕਾਰ ਵੰਦੇ ਭਾਰਤ ਐਕਸਪ੍ਰੈਸ ਦੇ ਰੂਟ ਵਿੱਚ ਬਦਲਾਅ ਦਾ ਐਲਾਨ ਕੀਤਾ ਏ । ਇਹ ਰੇਲ ਗੱਡੀ ਜਲੰਧਰ ਦੀ ਬਜਾਏ ਹੁਣ ਗੁਰਦਾਸਪੁਰ ਅਤੇ ਬਟਾਲਾ ਰਾਹੀਂ ਸਫ਼ਰ ਕਰੇਗੀ। ਇਸਦਾ ਉਦੇਸ਼

ਸਫ਼ਰ ਦੇ ਸਮੇਂ ਨੂੰ ਘਟਾਉਣਾ ਅਤੇ ਸੰਪਰਕ ਨੂੰ ਬਿਹਤਰ ਬਣਾਉਣਾ ਏ । ਇਹ ਰੇਲਗੱਡੀ  ਜੰਮੂ, ਪਠਾਨਕੋਟ ਕੈਂਟ, ਗੁਰਦਾਸਪੁਰ ਅਤੇ ਬਟਾਲਾ ਸਟੇਸ਼ਨਾਂ 'ਤੇ ਰੁਕੇਗੀ । ਅਧਿਕਾਰੀਆਂ ਮੁਤਾਬਿਕ  ਇਸ ਬਦਲਾਅ ਨਾਲ ਮੁਸਾਫ਼ਰਾਂ, ਖਾਸ ਕਰਕੇ ਸ਼ਰਧਾਲੂਆਂ ਨੂੰ ਫਾਇਦਾ ਹੋਵੇਗਾ ਅਤੇ ਸਫ਼ਰ ਦੀ ਸਹੂਲਤ ਵਧੇਗੀ।

----------------------------------------------------------------

ਪੰਜਾਬ ਚ ਨਵੇਂ ਬਣੇ 100 ਆਮ ਆਦਮੀ ਕਲੀਨਿਕਾਂ ਦੇ ਉਦਘਾਟਨ ਲਈ ਸੂਬਾ ਪੱਧਰੀ ਸਮਾਗਮ ਫਤਹਿਗੜ੍ਹ ਸਾਹਿਬ ਵਿਖੇ 28 ਮਾਰਚ ਨੂੰ ਹੋ ਰਿਹਾ । ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਸਰਹਿੰਦ ਅਨਾਜ ਮੰਡੀ ਵਿਖੇ ਸਮਾਗਮ ਦੀਆਂ ਚੱਲ ਰਹੀ ਤਿਆਰੀਆਂ ਦਾ ਜਾਇਜ਼ਾ ਲੈਣ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਅਗਾਊਂ ਪ੍ਰਬੰਧਾਂ ਸਬੰਧੀ ਮੀਟਿੰਗ ਕਰਦਿਆਂ ਦਸਿਆ ਕਿ ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਮੁਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ । ਡਿਪਟੀ ਕਮਿਸ਼ਨਰ ਨੇ ਸਮੂਹ ਅਧਿਕਾਰੀਆਂ ਨੂੰ ਸਮਾਂ ਰਹਿੰਦੇ ਆਪਸੀ ਤਾਲਮੇਲ ਨਾਲ

ਸਮਾਗ਼ਮ ਦੇ ਸਮੁੱਚੇ ਪ੍ਰਬੰਧਾਂ ਨੂੰ ਨੇਪਰੇ ਚੜ੍ਹਾਉਣ ਦੇ ਹੁਕਮ ਜਾਰੀ ਕੀਤੇ।

-----------------------------------------------------------------

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਖੇਤਰੀ ਖੋਜ ਕੇਂਦਰ ਫਰੀਦਕੋਟ ਵੱਲੋਂ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਸ੍ਰੀ ਮੁਕਤਸਰ ਸਾਹਿਬ ਦੇ ਸਹਿਯੋਗ ਨਾਲ ਅੱਜ ਪਿੰਡ ਰਾਮਗੜ੍ਹ ਚੂੰਘਾ ਵਿਖੇ ਨਰਮੇਂ ਦੀ ਫ਼ਸਲ ਨੂੰ ਬਾਰੇ ਜਾਗਰੂਕਤਾ ਕੈਂਪ ਲਾਇਆ ਗਿਆ। ਡਾ ਵਿਕਰਾਂਤ ਸਿੰਘ ਨੇ ਨਰਮੇਂ ਤੇ ਕਪਾਹ ਦੀਆਂ ਕਿਸਮਾਂ ਸੰਬੰਧੀ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਅਤੇ ਸਿਫਾਰਸ਼ ਸ਼ੁਦਾ ਕਿਸਮਾਂ ਦੀ ਕਾਸ਼ਤ ਕਰਨ ਲਈ ਕਿਹਾ। ਡਾ. ਸਤਨਾਮ ਸਿੰਘ ਨੇ ਗੁਲਾਬੀ ਸੁੰਡੀ ਨੂੰ ਰੋਕਣ ਲਈ ਏਕੀਕ੍ਰਿਤ ਕੀਟ ਪ੍ਰਬੰਧਨ ਰਣਨੀਤੀਆਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਸੇ ਤਰਾਂ ਹੋਰਨਾਂ ਮਾਹਰਾਂ ਨੇ ਨਰਮੇ ਦੀ ਫਸਲ ਵਿੱਚ ਖੇਤੀ ਵਿਗਿਆਨਕ ਢੰਗਾਂ ਨਾਲ ਖਾਦ ਦੀ ਵਰਤੋਂ ਨੂੰ ਘਟਾਉਣ ਲਈ ਪਾਏਦਾਰ ਖੇਤੀ ਢੰਗਾਂ ਨੂੰ ਅਪਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ।

-----------------------------------------------------------------

- ਸਰਕਾਰ ਵੱਲੋਂ ਪੱਛਮੀ ਏਸ਼ੀਆ ਦੇ ਮੁੱਦੇ 'ਤੇ ਬੁਲਾਈ ਗਈ ਸਰਬ ਪਾਰਟੀ ਮੀਟਿੰਗ ਸੰਸਦ ਭਵਨ ਕੰਪਲੈਕਸ ਵਿੱਚ ਜਾਰੀ।

- ਭਾਰਤ ਪੈਟਰੋਲੀਅਮ ਅਤੇ ਹਿੰਦੁਸਤਾਨ ਪੈਟਰੋਲੀਅਮ ਨੇ ਕਿਹਾ-ਦੇਸ਼ ਭਰ ਵਿੱਚ ਈਂਧਨ ਦੀ ਕੋਈ ਕਮੀ ਨਹੀਂ ਏ।

- ਪੰਜਾਬ BJP ਨੇ ਇਕ ਸਰਕਾਰੀ ਅਧਿਕਾਰੀ ਦੀ ਕਥਿਤ ਖ਼ੁਦਕੁਸ਼ੀ ਮਾਮਲੇ ਦੀ CBI ਜਾਂਚ ਬਾਰੇ ਰਾਜਪਾਲ ਨੂੰ ਮੰਗ ਪੱਤਰ ਸੌਂਪਿਆ।

- ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵਲੋਂ ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਦੇ ਨੁਮਾਇੰਦਿਆਂ ਦੀਆਂ ਬਕਾਇਆ ਮੰਗਾਂ ਅਤੇ ਚਿੰਤਾਵਾਂ ਨੂੰ ਹੱਲ ਕਰਨ ਲਈ ਅਹਿਮ ਮੀਟਿੰਗ -ਜਾਇਜ਼ ਮੰਗਾਂ 'ਤੇ ਤੁਰੰਤ ਕਾਰਵਾਈ ਦਾ ਦਿੱਤਾ ਭਰੋਸਾ।

- ਪੰਜਾਬ ਪੁਲਿਸ ਵਲੋਂ ਭਰਗੋੜੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਗ੍ਰਿਫ਼ਤਾਰ -ਪਟਿਆਲਾ ਦੀ ਅਦਾਲਤ ਨੇ 4 ਦਿਨਾਂ ਪੁਲਿਸ ਰਿਮਾਂਡ 'ਤੇ ਭੇਜਿਆ ।

------------------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**